## *Extension Activities*

### *Extension Activities done in terms of impact & sensitizing students to social issues and holistic development*

**26. Event: Slogan Writing Competition on Drugs**

**Date: 02-02-2019**




ਸਰਕਾਰੀ ਕਾਲਜ ਸੁਨਾਮ ਵਿਖੇ ਡੈਪੋ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਦੇ ਸਲੋਗਨ ਲੇਖਣ ਮੁਕਾਬਲੇ ਕਰਵਾਏ

ਰਾਜੇਸ਼ ਬਾਂਸਲ/ਸੁਨਾਮ ਊਧਮ ਸਿੰਘ ਵਾਲਾ, 2 ਫਰਵਰੀ
ਆਜ਼ਾਦ ਸੋਚ

ਸਥਾਨਕ ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਵਿਖੇ ਕਾਲਜ ਪ੍ਰਿੰਸੀਪਲ ਡਾ. ਸੁਖਬੀਰ ਸਿੰਘ ਥਿੰਦ ਦੇ ਦਿਸ਼ਾ ਨਿਰਦੇਸ਼ ਹੇਠ ਡਾ. ਰਮਨਦੀਪ ਕੌਰ ਪ੍ਰੋਗਰਾਮ ਅਫ਼ਸਰ ਐਨ.ਐਸ.ਐਸ. ਯੂਨਿਟ ਲੜਕੀਆਂ ਵੱਲੋਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਡੈਪੋ ਪ੍ਰੋਗਰਾਮ ਸਬੰਧੀ ਸਲੋਗਣ ਲੇਖਣ ਮੁਕਾਬਲੇ ਕਰਵਾਏ ਗਏ ਜਿਸ ਵਿੱਚ 30 ਵਿਦਿਆਰਥਣਾਂ ਨੇ ਭਾਗ ਲਿਆ। ਨਸ਼ੇ ਵਿਰੋਧੀ ਸਲੋਗਣ ਲੇਖਣ ਮੁਕਾਬਲਿਆਂ ਵਿੱਚ ਵਿਸ਼ੇਸ ਤੌਰ ਤੇ ਵਿਦਿਆਰਥਣਾਂ ਨੂੰ ਅਸ਼ੀਰਵਾਦ ਦੇਣ ਲਈ ਹਰਦੀਪ ਸਿੰਘ ਡੀ.ਐਸ.ਪੀ. ਸੁਨਾਮ ਅਤੇ ਸੁਨਾਮ ਸਬ-ਡਵੀਜਨ ਦੇ ਕਲੱਸਟਰ-6 ਦੇ ਡੈਪੋ ਕੋਆਰਡੀਨੇਟਰ ਡਾ. ਪਰਮਿੰਦਰ ਸਿੰਘ ਵਿਸ਼ੇਸ ਤੌਰ 'ਤੇ ਹਾਜ਼ਰ ਹੋਏ। ਇਸ ਮੌਕੇ ਡਾ. ਰਮਨਦੀਪ ਕੌਰ ਨੇ ਦੱਸਿਆ ਕਿ ਇਹ ਸਲੋਗਣ ਡੈਪੋ ਪ੍ਰੋਗਰਾਮ ਅਧੀਨ ਰੈਲੀਆਂ ਅਯੋਜਿਤ ਕਰਨ ਸਮੇਂ ਵਿਦਿਆਰਥੀ ਲੈ ਕੇ ਜਾਣਗੇ ਅਤੇ ਲੋਕਾਂ ਨੂੰ ਮਾਰੂ ਨਸ਼ਿਆਂ ਦੇ ਪ੍ਰਭਾਵ ਤੋਂ ਜਾਗਰੂਕ ਕਰਨਗੇ। ਉਹਨਾਂ ਇਹ ਵੀ ਦੱਸਿਆ ਕਿ ਵਲੰਟੀਅਰਜ਼ ਲੜਕੀਆਂ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਲਹਿਰ ਵਿੱਚ ਵੱਧ ਚੜ੍ਹ ਕੇ ਸਹਿਯੋਗ ਦੇ ਰਹੀਆਂ ਹਨ।